**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 06-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਦੇ ਕਰਤਵਯ ਪਥ ਵਿਖੇ ਕਰਤਵਯ ਭਵਨ-3 ਦਾ ਉਦਘਾਟਨ ਕੀਤਾ ਏ। ਕਰਤਵਯ ਭਵਨ-3 ਸੈਂਟਰਲ ਵਿਸਟਾ ਦੀ ਵਿਆਪਕ ਤਬਦੀਲੀ ਦਾ ਹਿੱਸਾ ਏ। ਇਹ ਕੇਂਦਰੀ ਸਕੱਤਰੇਤ ਦੀਆਂ ਆਉਣ ਵਾਲੀਆਂ ਕਈ ਸਾਂਝੀਆਂ ਇਮਾਰਤਾਂ ਵਿੱਚੋਂ ਪਹਿਲੀ ਏ ਜਿਨ੍ਹਾਂ ਦਾ ਉਦੇਸ਼ ਪ੍ਰਸ਼ਾਸਨਿਕ ਪ੍ਰਕਿਰਿਆਵਾਂ ਨੂੰ ਸੁਚਾਰੂ ਬਣਾਉਣਾ ਅਤੇ ਵਧੇਰੇ ਕੁਸ਼ਲ ਸ਼ਾਸਨ ਨੂੰ ਸਮਰੱਥ ਬਣਾਉਣਾ ਏ। ਇਸ ਮੌਕੇ 'ਤੇ, ਸ਼੍ਰੀ ਮੋਦੀ ਸ਼ਾਮ ਨੂੰ ਇੱਕ ਜਨਤਕ ਪ੍ਰੋਗਰਾਮ ਨੂੰ ਸੰਬੋਧਨ ਵੀ ਕਰਨਗੇ।

---------------------------------------------------------------

ਉਤਰਾਖੰਡ ਦੇ ਉੱਤਰਕਾਸ਼ੀ ਜ਼ਿਲ੍ਹੇ ਦੇ ਧਾਰਲੀ ਖੇਤਰ ਵਿੱਚ ਖੀਰ ਗੰਗਾ

ਦਰਿਆ ਉੱਤੇ ਕੱਲ੍ਹ ਬੱਦਲ ਫਟਣ ਤੋਂ ਬਾਅਦ ਰਾਹਤ ਅਤੇ ਬਚਾਅ ਕਾਰਜ ਜੰਗੀ ਪੱਧਰ 'ਤੇ ਜਾਰੀ ਨੇ. ਭਾਰਤੀ ਫੌਜ, NDRF, SDRF, ਜ਼ਿਲ੍ਹਾ ਪ੍ਰਸ਼ਾਸਨ ਅਤੇ ਹੋਰ ਏਜੰਸੀਆਂ ਇਸ ਮੁਸ਼ਕਲ ਸਮੇਂ ਦੌਰਾਨ ਕਾਰਵਾਈ ਵਿੱਚ ਸਰਗਰਮੀ ਨਾਲ ਰੁੱਝੀਆਂ ਹੋਈਆਂ ਨੇ. ਹੁਣ ਤੱਕ, 130 ਤੋਂ ਵੱਧ ਲੋਕਾਂ ਨੂੰ ਕਢ ਕੇ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ ਏ| ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਅੱਜ ਪ੍ਰਭਾਵਿਤ ਇਲਾਕਿਆਂ ਦਾ ਹਵਾਈ ਸਰਵੇਖਣ ਕੀਤਾ ਅਤੇ ਦੇਹਰਾਦੂਨ ਵਿੱਚ ਹੰਗਾਮੀ ਸਥਿਤੀ ‘ਚ ਕਾਰਵਾਈਆਂ ਬਾਰੇ ਰਾਜ ਦੇ ਕੇਂਦਰ ਤੋਂ ਸਥਿਤੀ ਦਾ ਜਾਇਜ਼ਾ ਲਿਆ।

------------------------------------------------------------

ਰਾਸ਼ਟਰੀ ਜਾਂਚ ਏਜੰਸੀ NIA ਨੇ ਇਸ ਸਾਲ ਮਾਰਚ ਵਿੱਚ ਅੰਮ੍ਰਿਤਸਰ ਦੇ ਇੱਕ ਮੰਦਰ 'ਤੇ ਹੋਏ ਦਹਿਸ਼ਤਗਰਦ ਗ੍ਰਨੇਡ ਹਮਲੇ ਦੇ ਸਬੰਧ ਵਿੱਚ ਪੰਜਾਬ ਭਰ ਵਿੱਚ 19 ਥਾਵਾਂ 'ਤੇ \ਤਲਾਸ਼ੀ ਲਈ । ਕੱਲ੍ਹ ਸਰਹੱਦੀ ਜ਼ਿਲ੍ਹਿਆਂ ਅੰਮ੍ਰਿਤਸਰ, ਗੁਰਦਾਸਪੁਰ ਅਤੇ ਬਟਾਲਾ ਵਿੱਚ ਮਾਰੇ ਗਏ ਛਾਪਿਆਂ ਦੌਰਾਨ, NIA ਟੀਮਾਂ ਨੇ ਮੋਬਾਈਲ ਫੋਨਾਂ ਅਤੇ ਡਿਜੀਟਲ

ਯੰਤਰਾਂ ਸਮੇਤ ਕਈ ਅਪਰਾਧਕ ਸਮੱਗਰੀ ਜ਼ਬਤ ਕੀਤੀ। ਏਜੰਸੀ ਨੇ ਇੱਕ ਬਿਆਨ ਵਿੱਚ ਕਿਹਾ ਏ ਕਿ ਵਿਦੇਸ਼ੀ ਹੈਂਡਲਰਾਂ ਦੀ ਹਮਾਇਤ ਪ੍ਰਾਪਤ ਦਹਿਸ਼ਤਗਰਦਾਂ ਨੇ ਅੰਮ੍ਰਿਤਸਰ ਦੇ ਸ਼ੇਰਸ਼ਾਹ ਰੋਡ 'ਤੇ ਸਥਿਤ ਠਾਕੁਰ ਦੁਆਰ ਸਨਾਤਨ ਮੰਦਰ 'ਤੇ ਗ੍ਰਨੇਡ ਸੁੱਟਿਆ ਸੀ । ਇਸ ਵਿੱਚ ਕਿਹਾ ਗਿਆ ਏ ਕਿ ਜਾਂਚ ਦੌਰਾਨ ਇਹ ਪਾਇਆ ਗਿਆ ਕਿ ਇਹ ਹਮਲਾ ਮੁਲਜ਼ਮ ਗੁਰਸਿਦਕ ਸਿੰਘ ਅਤੇ ਵਿਸ਼ਾਲ ਗਿੱਲ ਵਲੋਂ ਕੀਤਾ ਗਿਆ ਸੀ। ਮ੍ਰਿਤਕ ਗੁਰਸਿਦਕ ਸਿੰਘ ਵਿਦੇਸ਼ੀ ਹੈਂਡਲਰਾਂ ਦੇ ਸੰਪਰਕ ਵਿੱਚ ਸੀ, ਜਿਨ੍ਹਾਂ ਨੇ ਭਾਰਤ-ਅਧਾਰਤ ਵਿਅਕਤੀਆਂ ਨੂੰ ਭਰਤੀ ਕੀਤਾ ਸੀ ਅਤੇ ਗ੍ਰਨੇਡ ਅਤੇ ਫੰਡ ਮੁਹਇਆ ਕਰਕੇ ਲੋਕਾਂ ਵਿੱਚ ਦਹਿਸ਼ਤ ਫੈਲਾਉਣ ਦੀ ਸਾਜ਼ਿਸ਼ ਰਚੀ ਸੀ। NIA ਨੇ ਕਿਹਾ ਏ ਕਿ ਉਹ ਦੇਸ਼ ਦੀ ਸੁਰੱਖਿਆ ਅਤੇ ਪ੍ਰਭੂਸੱਤਾ ਨੂੰ ਖ਼ਤਰਾ ਪੈਦਾ ਕਰਨ ਵਾਲੇ ਵੱਖ-ਵੱਖ ਦਹਿਸ਼ਤਗਰਦ ਮਾਡਿਊਲਾਂ ਦੇ ਸੰਚਾਲਕਾਂ ਵਿਰੁੱਧ ਆਪਣੀ ਕਾਰਵਾਈ ਜਾਰੀ ਰੱਖ ਰਹੀ ਏ ।

---------------------------------------------------

ਪੰਜਾਬ ਵਿੱਚ, ਅੱਜ ਸਵੇਰੇ ਮੋਹਾਲੀ ਦੇ industrial area ਵਿੱਚ

ਆਕਸੀਜਨ ਬਣਾਉਣ ਵਾਲੀ ਇੱਕ ਇਕਾਈ ਵਿੱਚ ਹੋਏ ਇੱਕ ਜ਼ੋਰਦਾਰ ਧਮਾਕੇ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ ਅਤੇ ਤਿੰਨ ਹੋਰ ਜ਼ਖਮੀ ਹੋ ਗਏ ਨੇ. ਸਬ ਡਿਵੀਜ਼ਨਲ ਮੈਜਿਸਟਰੇਟ, ਦਮਨਦੀਪ ਕੋਰ ਨੇ ਮ੍ਰਿਤਕਾਂ ਦੀ ਪੁਸ਼ਟੀ ਕਰਦਿਆਂ ਕਿਹਾ ਏ ਕਿ ਦੋਵਾਂ ਦੀ ਪਛਾਣ ਕਰ ਲਈ ਗਈ ਏ। ਜ਼ਖਮੀਆਂ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਏ। ਪੁਲਿਸ, ਅੱਗ ਬੁਝਾਊ ਅਮਲਾ ਅਤੇ ਐਂਬੂਲੈਂਸ, ਰਾਹਤ ਕਾਰਜਾਂ ਵਿੱਚ ਲੱਗੇ ਹੋਏ ਨੇ. ਹੋਰ ਜਾਂਚ ਜਾਰੀ ਏ।

---------------------------------------------------------

ਰਾਸ਼ਟਰੀ ਮਹਿਲਾ ਕਮਿਸ਼ਨ (NCW ) ਦੇ ਮੈਂਬਰ ਮਮਤਾ ਕੁਮਾਰੀ ਨੇ ਬੀਤੇ ਕਲ੍ਹ ਮਹਿਲਾ ਜੇਲ੍ਹ, ਸਖੀ ਵਨ-ਸਟਾਪ ਸੈਂਟਰ ਅਤੇ ਆਂਗਣਵਾੜੀ ਕੇਂਦਰ ਵਿੱਚ ਸਹੂਲਤਾਂ ਦਾ ਵਿਆਪਕ ਜਾਇਜ਼ਾ ਲਿਆ. ਉਨ੍ਹਾਂ ਨੇ ਸ਼ਹਿਰ ਦੇ ਸੁੰਦਰ ਨਗਰ ਵਿੱਚ ਦੂਜੇ 'ਤੇਰੇ ਮੇਰੇ ਸਪਨੇ' ਕੇਂਦਰ ਦਾ ਵੀ ਉਦਘਾਟਨ ਕੀਤਾ, ਜਿਸਦਾ ਉਦੇਸ਼ ਨੌਜਵਾਨਾਂ ਨੂੰ ਅਧਿਕਾਰ ਪ੍ਰਾਪਤ ਬਣਾਉਣਾ ਅਤੇ ਪਰਿਵਾਰਕ ਬੰਧਨਾਂ ਨੂੰ ਮਜ਼ਬੂਤ ਕਰਨਾ ਏ। ਮਹਿਲਾ ਜੇਲ੍ਹ ਦੇ ਆਪਣੇ ਦੌਰੇ ਦੌਰਾਨ ਮਮਤਾ ਕੁਮਾਰੀ ਨੇ ਰਹਿਣ-ਸਹਿਣ ਦੀਆਂ

ਸਥਿਤੀਆਂ ਦਾ ਮੁਲੰਕਣ ਕਰਨ ਅਤੇ ਚਿੰਤਾਵਾਂ ਨੂੰ ਦੂਰ ਕਰਨ ਲਈ ਮਹਿਲਾ ਕੈਦੀਆਂ ਅਤੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਜੇਲ੍ਹ ਅਧਿਕਾਰੀਆਂ ਨੂੰ ਮਾਲੀ ਤੌਰ 'ਤੇ ਕਮਜ਼ੋਰ ਮਹਿਲਾ ਕੈਦੀਆਂ ਲਈ ਮੁਫਤ ਕਾਨੂੰਨੀ ਸਹਾਇਤਾ ਤੱਕ ਪਹੁੰਚ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ, ਜਿਸ ਨਾਲ ਉਹ ਆਪਣੇ ਕੇਸਾਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਬਚਾਅ ਕਰ ਸਕਣ। ਮਾਨਸਿਕ ਤੰਦਰੁਸਤੀ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਨੇ ਅਧਿਕਾਰੀਆਂ ਨੂੰ ਕੈਦੀਆਂ ਵਿੱਚ ਡਿਪਰੈਸ਼ਨ ਨੂੰ ਰੋਕਣ ਲਈ ਨਿਯਮਤ ਪਰਿਵਾਰਕ ਮੁਲਾਕਾਤਾਂ ਦੀ ਸਹੂਲਤ ਦੇਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਉਨ੍ਹਾਂ ਨੇ ਕੈਦੀਆਂ ਦੀਆਂ ਯੋਗਤਾਵਾਂ ਦੇ ਅਨੁਸਾਰ ਹੁਨਰ ਵਿਕਾਸ ਪ੍ਰੋਗਰਾਮਾਂ ਦੀ ਵਕਾਲਤ ਕੀਤੀ, ਤੇ ਅਰਥਪੂਰਨ ਯੋਗਦਾਨਾਂ ਰਾਹੀਂ ਸਮਾਜ ਵਿੱਚ ਉਨ੍ਹਾਂ ਦੇ ਮੁੜ ਏਕੀਕਰਨ ਨੂੰ ਉਤਸ਼ਾਹਿਤ ਕੀਤਾ।

---------------------------------------------------------

ਘੱਗਰ ਨਦੀ ਦੇ ਕੈਚਮੈਂਟ ਖੇਤਰ ਵਿੱਚ ਪਏ ਭਾਰੀ ਮੀਂਹ ਕਾਰਨ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵਲੋਂ *ਰਾਜਪੁਰਾ ਸਬ ਡਵੀਜ਼ਨ* ਦੇ ਘੱਗਰ ਨੇੜੇ ਪੈਂਦੇ ਕੁਝ ਪਿੰਡਾਂ ਦੇ ਵਸਨੀਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ

ਕੀਤੀ ਗਈ ਏ। ਐਸ ਡੀ ਐਮ ਰਾਜਪੁਰਾ ਸ੍ਰੀ ਅਵਿਕੇਸ਼ ਗੁਪਤਾ ਵੱਲੋਂ ਜਾਰੀ ਸਲਾਹਕਾਰੀ ਮੁਤਾਬਕ ਪਿੰਡਾਂ *ਉਂਟਸਰ, ਨਨਹੇੜੀ, ਸੰਜਰਪੁਰ, ਲਾਛੜੂ, ਕਮਾਲਪੁਰ, ਰਾਮਪੁਰ, ਸੌਂਟਾ, ਮਾੜੂ ਅਤੇ ਚਮਾਰੂ* ਸਮੇਤ ਨੇੜਲੇ ਇਲਾਕਿਆਂ ਦੇ ਵਸਨੀਕ ਸੁਚੇਤ ਰਹਿਣ ਤੇ ਘੱਗਰ ਨੇੜੇ ਨਾ ਜਾਣ।ਕਿਸੇ ਸੂਚਨਾ ਲਈ ਰਾਜਪੁਰਾ ਦੇ ਫਲੱਡ ਕੰਟਰੋਲ ਰੂਮ ਦੇ ਨੰਬਰ 01762-224132 'ਤੇ ਸੰਪਰਕ ਕੀਤਾ ਜਾ ਸਕਦਾ ਏ। ਇਸ ਤੋਂ ਇਲਾਵਾ ਦੂਧਨ ਸਾਧਾਂ ਦੇ ਐਸ ਡੀ ਐਮ ਸ੍ਰੀ ਕਿਰਪਾਲਵੀਰ ਸਿੰਘ ਮੁਤਾਬਕ *ਪਿੰਡ ਭਸਮੜਾ ਅਤੇ ਜਲਾਹਖੇੜੀ* ਦੇ ਵਸਨੀਕਾਂ ਨੂੰ ਵੀ ਸੁਚੇਤ ਰਹਿਣ ਲਈ ਕਿਹਾ ਗਿਆ ਏ। ਜਦਕਿ ਪਟਿਆਲਾ ਸਬ ਡਵੀਜ਼ਨ ਦੇ ਐਸ ਡੀ ਐਮ ਸ੍ਰੀਮਤੀ ਹਰਜੋਤ ਕੌਰ ਮਾਵੀ ਮੁਤਾਬਕ *ਪਿੰਡ ਹਡਾਣਾ, ਪੁਰ ਅਤੇ ਸਿਰਕੱਪੜਾ* ਆਦਿ ਦੇ ਵਸਨੀਕਾਂ ਨੂੰ ਵੀ ਸੁਚੇਤ ਰਹਿਣ ਦੀ ਅਪੀਲ ਕੀਤੀ ਗਈ ਏ।